**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਅਤੇ**
**ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਟੀ,ਪੰਜਾਬ,**
**ਐਸ. ਸੀ. ਓ ਨੰ. 104-106, ਸੈਕਟਰ 34 ਏ, ਚੰਡੀਗੜ੍ਹ**

ਸੇਵਾ ਵਿਖੇ

1. ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ (ਸੈ.ਸਿ.) ਅਤੇ (ਐ.ਸਿ.)
2. ਰਾਜ ਦੇ ਸਮੂਹ ਸਕੂਲਾਂ ਦੇ ਮੁੱਖੀ
3. ਰਾਜ ਦੇ ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ
4. ਰਾਜ ਦੇ ਸਮੂਇ ਸੈਂਟਰ ਹੈੱਡ ਟੀਚਰ

(ਵੈੱਬ ਸਾਈਟ ਦੇ ਰਾਹੀਂ)
ਮੀਮੋ ਨੰ ਸਸਅ/ਕੋਆਰਡੀਨੇਸ਼ਨ/26443
ਮਿਤੀ ਚੰਡੀਗੜ੍ਹ 22 ਫਰਵਰੀ, 2010

**ਵਿਸ਼ਾ** **ਮਿਤੀ 1.4.2010 ਨੂੰ ਪੰਜਾਬ ਦੇ ਸਮੂਹ ਸਕੂਲਾਂ ਦਾ ਵਿਸ਼ੇਸ਼ ਨਿਰੀਖਣ ਕਰਨ ਬਾਰੇ ।**

1.0 ਉਪਰੋਕਤ ਵਿਸ਼ੇ ਤੇ ਮਿਤੀ 17.2.2010 ਨੂੰ ਹੋਈ ਮਹੀਨਾਵਾਰ ਮੀਟਿੰਗ ਵਿੱਚ ਹੋਏ ਵਿਚਾਰ ਵਟਾਂਦਰੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ।

2.0 ਆਪ ਜੀ ਨੂੰ ਪਤਾ ਹੋਵੇਗਾ ਕਿ ਨਵੇ ਅਕਾਦਮਿਕ ਸ਼ੈਸ਼ਨ ਦੀ ਸ਼ੁਰੂਆਤ 1.4.2010 ਤੋਂ ਹੋ ਰਹੀਂ ਹੈ । ਇਹ ਆਮ ਵੇਖਣ ਵਿੱਚ ਆਇਆ ਹੈ ਕਿ ਇਸ ਦਿਨ ਆਮ ਤੌਰ ਤੇ ਵਿਦਿਆਰਥੀ ਅਤੇ ਅਧਿਆਪਕ ਦੋਵਾਂ ਵਿੱਚ ਹੀ ਸਕੂਲ ਤੋਂ ਗੈਰ-ਹਾਜ਼ਰ ਰਹਿਣ ਦੀ ਪਰਵਿਰਤੀ ਵੇਖਣ ਵਿੱਚ ਆਈ ਹੈ ਜਿਸ ਦੀ ਵਜ੍ਹਾ ਨਾਲ ਕਈ ਕਈ ਦਿਨ ਸਕੂਲ ਵਿੱਚ ਪੜ੍ਹਾਈ ਦਾ ਮਾਹੌਲ ਨਹੀਂ ਬਣਦਾ ਹੈ ।

3.0 ਸਿੱਖਿਆ ਵਿਭਾਗ ਵੱਲੋਂ ਇਸ ਸਾਰੇ ਮਾਮਲੇ ਨੂੰ ਵਿਚਾਰਣ ਉਪਰੰਤ ਇਹ ਫੈਸਲਾ ਕੀਤਾ ਗਿਆ ਹੈ ਕਿ ਇਸ ਸਾਲ ਅਪ੍ਰੈਲ ਦੇ ਮਹੀਨੇ ਦੇ ਪਹਿਲੇ ਹਫਤੇ ਵਿੱਚ ਸਰਕਾਰ ਵੱਲੋਂ ਦਿੱਤੀਆ ਜਾਣ ਵਾਲੀਆਂ ਕਿਤਾਬਾਂ ਦੀ ਵੰਡ ਨੂੰ ਯਕੀਨੀ ਬਣਾਇਆ ਜਾਵੇ ਅਤੇ ਇਸ ਦੇ ਨਾਲ ਹੀ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਹਾਜ਼ਰੀ ਨੂੰ ਵੀ ਯਕੀਨੀ ਬਣਾਇਆ ਜਾਵੇ। ਸਮੂਹ ਜ਼ਿਲ੍ਹਾ ਸਿੱਖਿਆ ਅਫਸਰ ਅਤੇ ਇਨਸਪੈਕਸਨ ਦੇ ਅਮਲੇ ਨੂੰ ਮਿਤੀ 1.4.2010 ਨੂੰ ਸਕੂਲਾਂ ਦੀ ਵਿਸ਼ੇਸ਼ ਚੈਕਿੰਗ ਦੀ ਹਦਾਇਤ ਕੀਤੀ ਜਾਂਦੀ ਹੈ । ਜਿੱਥੇ ਕਿਧਰੇ ਉਸ ਦਿਨ ਵਿਦਿਆਰਥੀ ਸਕੂਲਾਂ ਦੇ ਵਿੱਚ ਨਹੀਂ ਆਉਂਦੇ ਹਨ ਤਾਂ ਪੇਂਡੂ ਸਿੱਖਿਆ ਵਿਕਾਸ ਕਮੇਟੀਆਂ ਦੇ ਮੈਂਬਰਾਂ ਅਤੇ ਬੱਚਿਆਂ ਦੇ ਮਾਂ ਪਿਓ ਨਾਲ ਰਾਬਤਾ ਰੱਖ ਕੇ ਵਿਦਿਆਰਥੀਆਂ ਨੂੰ 1.4.2010 ਤੋਂ ਪਹਿਲਾਂ ਹੀ ਸਕੂਲ ਵਿੱਚ ਰੈਗੂਲਰ ਤੌਰ ਤੇ ਆਉਣ ਲਈ ਪ੍ਰਾਰਥਣਾ ਸਭਾ ਵਿੱਚ ਦੱਸਿਆ ਜਾਵੇ । ਇਸ ਸਬੰਧ ਵਿੱਚ ਸਕੂਲਾਂ ਦੇ ਮੁੱਖੀਆਂ ਨੂੰ ਵਿਸ਼ੇਸ਼ ਹਦਾਇਤਾਂ ਕੀਤੀਆ ਜਾਣ ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ

ਉਤਾਰਾ : 1. ਸਮੂਹ ਮੰਡਲ ਨਿਰੀਖਣ ਟੀਮਾਂ, ਪੰਜਾਬ
2. ਸਮੂਹ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰੁ